# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :19-06-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਵਿਗਿਆਨ ਭਵਨ, ਨਵੀਂ ਦਿੱਲੀ ਵਿਖੇ ਹੋਣ ਵਾਲੇ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਪ੍ਰਧਾਨ ਮੰਤਰੀ ਵਿਕਸਿਤ ਭਾਰਤ ਰੁਜ਼ਗਾਰ ਯੋਜਨਾ (PM-VBRY) ਅਧੀਨ ਸਿਧੇ ਲਾਭ ਤਬਾਦਲੇ ਰਾਹੀਂ ਕਰੀਬ  2 ਹਜ਼ਾਰ 400 ਕਰੋੜ ਰੁਪਏ ਦੇ ਲਾਭ ਵੰਡਣਗੇ। ਇਹ ਪ੍ਰੋਗਰਾਮ ਭਾਰਤ ਭਰ ਦੇ ਸਾਰੇ 200 ਸਥਾਨਾਂ 'ਤੇ ਸਿੱਧਾ ਪ੍ਰਸਾਰਿਤ ਕੀਤਾ ਜਾਵੇਗਾ ਜਿੱਥੇ ਲਾਭ ਦੀ ਵੰਡ ਵੀ ਹੋਵੇਗੀ। ਪੰਜਾਬ ਵਿੱਚ, ਇਹ ਪ੍ਰੋਗਰਾਮ ਪਟਿਆਲਾ, ਸੰਗਰੂਰ, ਲੁਧਿਆਣਾ, EPFO ਜਲੰਧਰ, ਅੰਮ੍ਰਿਤਸਰ ਅਤੇ ਬਟਾਲਾ ਈਪੀਐਫਓ ਦਫ਼ਤਰਾਂ ਸਮੇਤ 6 ਥਾਵਾਂ 'ਤੇ ਕਰਾਇਆ ਜਾਵੇਗਾ। ਇਸ ਮੌਕੇ ਦੋ ਵੱਖ-ਵੱਖ ਸ਼੍ਰੇਣੀਆਂ ਅਧੀਨ 16  ਹਜ਼ਾਰ 417 ਮੁਲਾਜ਼ਮਾਂ ਅਤੇ 1 ਹਜ਼ਾਰ 256  ਮਾਲਕਾਂ ਵਿੱਚ ਕਰੀਬ 9 ਕਰੋੜ ਰੁਪਏ ਤੋਂ ਵੱਧ ਦੀ ਰਕਮ ਵੰਡੀ ਜਾਵੇਗੀ। ਇਹ ਵੰਡ EPRO ਚੰਡੀਗੜ੍ਹ ਈਪੀਐਫਓ ਦਫ਼ਤਰ ਵਿਖੇ ਵੀ ਕੀਤੀ ਜਾਵੇਗੀ।

ਇਹ ਵੰਡ ਇਸ ਯੋਜਨਾ ਨੂੰ ਲਾਗੂ ਕਰਨ ਵਿੱਚ ਮੀਲ ਪੱਥਰ ਏ ਜੋ ਕਿ ਭਾਰਤ ਸਰਕਾਰ ਦੀ ਰੁਜ਼ਗਾਰ ਨੂੰ ਹੁਲਾਰਾ ਦੇਣ ਸੰਬੰਧੀ ਪ੍ਰਮੁੱਖ ਯੋਜਨਾ ਏ ਜਿਸਦਾ ਉਦੇਸ਼ ਨੌਕਰੀਆਂ ਦੀ ਸਿਰਜਣਾ ਨੂੰ ਤੇਜ਼ ਕਰਨਾ,ਬਕਾਇਦਾ ਰੁਜ਼ਗਾਰ ਨੂੰ ਉਤਸ਼ਾਹਿਤ ਕਰਨਾ, ਰੁਜ਼ਗਾਰਯੋਗਤਾ ਨੂੰ ਵਧਾਉਣਾ ਅਤੇ ਵੱਖ-ਵੱਖ ਖੇਤਰਾਂ ਵਿੱਚ ਸਮਾਜਿਕ ਸੁਰੱਖਿਆ ਕਵਰੇਜ ਦਾ ਪਸਾਰ ਕਰਨਾ ਏ. ਇਸ ਯੋਜਨਾ ਨੇ ਪਹਿਲਾਂ ਹੀ ਦੇਸ਼ ਭਰ ਵਿੱਚ 15 ਲੱਖ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਵਿੱਚ ਮਦਦ ਕੀਤੀ ਏ.

---------------------------------------------------------------

ਪੰਜਾਬ ਵਿੱਚ, ਨਾਰਕੋਟਿਕਸ ਕੰਟਰੋਲ ਬਿਊਰੋ (NCB), ਚੰਡੀਗੜ੍ਹ ਜ਼ੋਨਲ ਯੂਨਿਟ ਅਤੇ ਚੰਡੀਗੜ੍ਹ ਪੁਲਿਸ ਨੇ ਇੱਕ ਸਾਂਝੇ ਆਪ੍ਰੇਸ਼ਨ ਵਿੱਚ, ਮੋਹਾਲੀ ਦੇ ਖਰੜ ਤੋਂ ਇੱਕ ਪ੍ਰੈਕਟਿਸ ਕਰ ਰਹੇ ਵਕੀਲ ਨੂੰ ਨਸ਼ੀਲੇ ਪਦਾਰਥਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਉਹ ਪਾਕਿਸਤਾਨ ਸਥਿਤ ਡਰੱਗ ਸਿੰਡੀਕੇਟ ਨਾਲ ਜੁੜੇ ਇੱਕ ਡਰੱਗ ਤਸਕਰੀ ਨੈੱਟਵਰਕ ਦਾ ਹਿੱਸਾ ਸੀ। ਅਧਿਕਾਰਤ ਸੂਤਰਾਂ ਅਨੁਸਾਰ, NCB ਦੀ ਟੀਮ ਨੇ ਉਸਦੀ ਕਾਰ ਅਤੇ ਘਰ ਤੋਂ ਮੇਥਾਮ-ਫੇਟਾਮਾਈਨ (ਆਈਸ), ਹੈਰੋਇਨ ਅਤੇ ਡੋਡਾ ਚੂਰਾ ਪੋਸਤ ਬਰਾਮਦ ਕੀਤੇ ਨੇ। ਆਈਸ ਦੀ ਮਾਤਰਾ N D P S ਐਕਟ ਦੇ ਤਹਿਤ ਸੂਚਿਤ ਵਪਾਰਕ ਮਾਤਰਾ ਨਾਲੋਂ ਸੋਲਾਂ ਗੁਣਾ ਜ਼ਿਆਦਾ ਸੀ। ਇਸ ਮਾਮਲੇ ਵਿਚ ਉਸ ਦੀ ਸਹਾਇਤਾ ਕਰਨ ਵਾਲੀ ਇਕ ਔਰਤ ਨੂੰ ਵੀ

ਗ੍ਰਿਫ਼ਤਾਰ ਕੀਤਾ ਗਿਆ ਏ। ਹੁਣ ਤੱਕ ਕੀਤੀ ਗਈ ਜਾਂਚ ਤੋਂ ਖਰੜ ਵਿੱਚ ਚੱਲ ਰਹੇ ਇਸ ਡਰੱਗ ਮਾਡਿਊਲ ਦਾ ਖੁਲਾਸਾ ਹੋਣ ਦਾ ਦਾਅਵਾ ਕੀਤਾ ਗਿਆ ਏ।

---------------------------------------------------------

3 ਜਨਵਰੀ ਨੂੰ ਸਰਹਿੰਦ ਤੇ 27 ਅਪ੍ਰੈਲ ਨੂੰ ਸ਼ੰਭੂ ਰੇਲਵੇ ਪਟੜੀ ਧਮਾਕਾ ਮਾਮਲੇ ਚ ਪੰਜਾਬ ਪੁਲਿਸ ਨੇ ਖਾਲਿਸਤਾਨ ਜ਼ਿੰਦਾਬਾਦ ਫੋਰਸ ਨਾਲ ਜੁੜੇ ਦੋ ਮੁਲਜ਼ਮਾਂ ਨੂੰ ਮਲੇਸ਼ੀਆਂ ਤੋ ਡੀਪੋਟਰ ਕਰਵਾਕੇ ਗ੍ਰਿਫਤਾਰ ਕਰ ਲਿਆ ਏ। ਪੁਲਿਸ ਨੇ ਇਹਨਾ ਦੋਨਾਂ ਨੂੰ ਦਿੱਲੀ ਏਅਰਪੋਰਟ ਤੋਂ ਗ੍ਰਿਫਤਾਰ ਕੀਤਾ ਏ। ਇਨ੍ਹਾਂ ਦੀ ਪਛਾਣ ਅੰਬਾਲਾ ਦੇ ਗੁਰਵਿੰਦਰ ਸਿੰਘ ਤੇ ਪਟਿਆਲਾ ਦੇ ਮਨਜੀਤ ਸਿੰਘ ਵਜੋਂ ਹੋਈ ਹੈ। ਪਟਿਆਲਾ ਦੇ ਐਸਐਸਪੀ ਵਰੁਣ ਸ਼ਰਮਾ ਨੇ ਇਸ ਗ੍ਰਿਫਤਾਰੀ ਦੀ ਪੁਸ਼ਟੀ ਕਰਦਿਆਂ ਦਸਿਆ ਕਿ ਦੋਨਾਂ ਦੀ ਵੱਡੀ ਸ਼ਮੂਲੀਅਤ ਦੋਵਾਂ ਧਮਾਕਿਆਂ ਚ ਪਾਈ ਗਈ ਏ ਤੇ ਹੁਣ ਇਨ੍ਹਾਂ ਤੋਂ ਪੁੱਛਗਿੱਛ ਕੀਤੀ ਜਾਵੇਗੀ ।

---------------------------------------------------------

ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਕਿਹਾ ਕਿ ਸੂਬੇ ਦੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਪੰਜਾਬ ਪੁਲਿਸ ਦੇਸ਼ ਭਰ ਦੀਆਂ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨਾਲ ਮਿਲ ਕੇ ਕੰਮ ਕਰ ਰਹੀ ਏ। ਇਸ ਨਾਲ ਆਪਸੀ ਸਹਿਯੋਗ ਹੋਰ ਮਜ਼ਬੂਤ ਕੀਤਾ ਜਾ ਰਿਹਾ ਏ।

ਉਨ੍ਹਾਂ ਕਿਹਾ ਕਿ ਗੈਂਗਸਟਰਾਂ ਦੇ ਨੈੱਟਵਰਕਾਂ ਦਾ ਸਾਂਝੇ ਆਪ੍ਰੇਸ਼ਨਾਂ ਰਾਹੀਂ ਪਤਾ ਲਗਾਇਆ ਜਾ ਰਿਹਾ ਏ। ਪੰਜਾਬ ਪੁਲਿਸ ਨੇ ਅਜਿਹੇ ਗਿਰੋਹਾਂ ਦੇ ਵੱਡੇ ਨੈੱਟਰਕਾਂ ਦਾ ਵੀ ਪਰਦਾਫਾਸ਼ ਕਰਨ ਵਿਚ ਮਹੱਤਵਪੂਰਨ ਸਫ਼ਲਤਾ ਹਾਸਲ ਕੀਤੀ ਏ । ਪੁਲਿਸ ਮੁਖੀ ਨੇ ਦੱਸਿਆ ਕਿ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਤਹਿਤ ਕਾਰਵਾਈ ਕਰਨ ਦੇ 148 ਦਿਨ ਪੂਰੇ ਹੋ ਚੁੱਕੇ ਨੇ। ਇਸ ਮੁਹਿੰਮ ਦੌਰਾਨ ਹੁਣ ਤੱਕ 37 ਹਜ਼ਾਰ 757 ਸਮਾਜ ਵਿਰੋਧੀ ਤੱਤਾਂ ਦੀ ਪਛਾਣ ਅਤੇ ਗ੍ਰਿਫ਼ਤਾਰੀ ਕੀਤੀ ਜਾ ਚੁੱਕੀ ਏ। ਇਸੇ ਤਰ੍ਹਾਂ 68 ਹਜ਼ਾਰ 682 ਨਸ਼ਾ ਤਸਕਰਾਂ ਦੀ ਗ੍ਰਿਫ਼ਤਾਰੀ ਵੀ ਕੀਤੀ ਜਾ ਚੁੱਕੀ ਏ।

---------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਅੱਠ ਮੁਲਜ਼ਮਾਂ ਨੂੰ 11 ਆਧੁਨਿਕ ਪਿਸਤੌਲਾਂ ਸਣੇ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਹਥਿਆਰ ਤਸਕਰੀ ਦੇ ਮਾਡਿਊਲ ਦਾ ਪਰਦਾਫਾਸ਼ ਕੀਤਾ ਏ। ਇਹ ਜਾਣਕਾਰੀ ਦਿੰਦਿਆਂ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਅਨੁਸਾਰ ਉਕਤ ਮੁਲਜ਼ਮ ਕਥਿਤ ਤੌਰ 'ਤੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਵਿੱਚ ਸ਼ਾਮਲ ਵਿਦੇਸ਼ੀ ਕਾਰਕੁਨਾਂ ਦੇ ਸੰਪਰਕ ਵਿੱਚ ਸਨ। ਉਨ੍ਹਾਂ ਕਿਹਾ ਕਿ ਬਰਾਮਦ ਕੀਤੇ ਗਏ ਇਹ ਹਥਿਆਰ ਅੱਗੇ ਅਪਰਾਧਿਕ ਤੱਤਾਂ ਵਿੱਚ ਸਪਲਾਈ ਕੀਤੇ ਜਾਣੇ ਸਨ।

-------------------------------------------------------

ਭਾਰਤੀ ਫੌਜ ਦੀ ਸਿੱਖ ਰੈਜੀਮੈਂਟ ਨੇ ਅਗਨੀਵੀਰਾਂ ਨੂੰ ਸਿੱਖਿਆ ਅਤੇ ਹੁਨਰ ਵਿਕਾਸ ਰਾਹੀਂ ਸਮਰੱਥ ਬਣਾਉਣ ਲਈ, ਅੰਮ੍ਰਿਤਸਰ ਸਥਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਨਾਲ ਇੱਕ ਸਮਝੌਤੇ 'ਤੇ ਦਸਤਖ਼ਤ ਕੀਤੇ ਨੇ। ਇਸ ਪਹਿਲਕਦਮੀ ਦਾ ਉਦੇਸ਼, ਅਗਨੀਵੀਰਾਂ ਦੀ ਅਕਾਦਮਿਕ, ਪੇਸ਼ੇਵਰ ਯੋਗਤਾ ਅਤੇ ਲੰਬੇ ਸਮੇਂ ਦੀਆਂ ਕਰੀਅਰ ਸੰਭਾਵਨਾਵਾਂ ਨੂੰ ਵਧਾਉਣਾ ਏ ਤਾਂ ਜੋ ਉਹ ਫੌਜੀ ਅਤੇ ਸਿਵੀਲੀਅਨ ਦੋਵਾਂ ਖੇਤਰਾਂ ਵਿੱਚ ਲਾਹੇਵੰਦ ਹੁਨਰ ਪ੍ਰਾਪਤ ਕਰ ਸਕਣ। ਉਨ੍ਹਾਂ ਕੋਲ 6 ਮਹੀਨਿਆਂ ਅੰਦਰ ਪੂਰੇ ਹੋਣ ਵਾਲੇ ਡਿਪਲੋਮਾ ਪ੍ਰੋਗਰਾਮਾਂ ਅਤੇ 3 ਸਾਲਾਂ ਵਿੱਚ ਪੂਰੇ ਹੋਣ ਵਾਲੇ BA, BCA ਤੇ B.COM ਵਰਗੇ ਡਿਗਰੀ ਪ੍ਰੋਗਰਾਮਾਂ ਤੱਕ ਪਹੁੰਚ ਦਾ ਮੌਕਾ ਹੋਏਗਾ।

-------------------------------------------------------

ਪਟਿਆਲਾ ਦੇ ਨੂਰ ਸਿੰਗਲਾ ਨੇ ਇੰਸਟੀਚਿਊਟ ਆਫ ਚਾਰਟਡ ਅਕਾਉਂਟੈਂਟ ਆਫ ਇੰਡੀਆ ਵੱਲੋਂ ਕਰਵਾਈ ਗਈ ਚਾਰਟਰਡ ਅਕਾਊਂਟੈਂਸੀ (CA) ਦੀ ਫਾਈਨਲ ਪ੍ਰੀਖਿਆ ਵਿੱਚ 600 ਵਿੱਚੋਂ 499 ਅੰਕ ਹਾਸਲ ਕਰਕੇ ਆਲ ਇੰਡੀਆ ਰੈਂਕ 1 ਪ੍ਰਾਪਤ ਕੀਤੀ ਏ। 21 ਸਾਲਾ ਨੂਰ ਨੇ ਇੱਕ ਵਿਰਲਾ ਰਿਕਾਰਡ ਬਣਾਉਂਦਿਆਂ CA ਕੋਰਸ ਦੇ ਤਿੰਨੇ

ਪੜਾਅ ਪਹਿਲੀ ਹੀ ਕੋਸ਼ਿਸ਼ ਵਿੱਚ ਪਾਸ ਕਰ ਲਏ ਨੇ। ਨੂਰ ਨੇ ਆਪਣੀ ਸਕੂਲੀ ਸਿੱਖਿਆ ਡੀ ਏ ਵੀ ਸਕੂਲ ਤੋਂ ਪ੍ਰਾਪਤ ਕੀਤੀ ਏ।

------------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਅਨੁਸੂਚਿਤ ਜਾਤੀ ਦੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕਿਆਂ ਨੂੰ ਵਧਾਉਣ ਦੇ ਉਦੇਸ਼ ਨਾਲ ਨੈਸ਼ਨਲ ਸਕਿੱਲ ਕੁਆਲੀਫਿਕੇਸ਼ਨ ਫਰੇਮਵਰਕ ਨਾਲ ਜੁੜੇ ਮੁਫ਼ਤ ਰਿਹਾਇਸ਼ੀ ਹੁਨਰ ਵਿਕਾਸ ਸਿਖਲਾਈ ਪ੍ਰੋਗਰਾਮ ਐਲਾਨ ਕੀਤਾ ਗਿਆ ਏ। ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ  ਇਸ ਤਹਿਤ ਦੋ ਉਦਯੋਗ-ਸੰਬੰਧਿਤ ਕੋਰਸਾਂ ਲਈ ਸਿਖਲਾਈ ਦਿੱਤੀ ਜਾਵੇਗੀ। ਇਹ ਸਿਖਲਾਈ ਪ੍ਰੋਗਰਾਮ ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ ਰਾਹੀਂ ਚੁਣੇ ਗਏ ਲੁਧਿਆਣਾ ਅਤੇ ਜਲੰਧਰ ਦੇ ਕੇਂਦਰਾਂ ਵਿੱਚ 1 ਜੁਲਾਈ ਤੋਂ ਸ਼ੁਰੂ ਹੋਣਗੇ।

------------------------------------------------------------

ਜ਼ਿਲ੍ਹਾ ਫਰੀਦਕੋਟ ਦੇ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਨੇ ਦੱਸਿਆ ਕਿ 21 ਜੂਨ ਨੂੰ ਹੋਣ ਵਾਲੀ ਨੀਟ ਦੀ ਪ੍ਰੀਖਿਆ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਨੇ। ਇਸ ਸਬੰਧੀ ਉਨ੍ਹਾਂ ਵੱਖ ਵੱਖ ਅਧਿਕਾਰੀਆਂ ਨਾਲ ਮੀਟਿੰਗ ਵੀ ਕੀਤੀ ਗਈ ਏ। ਉਨ੍ਹਾਂ ਵੱਖ-ਵੱਖ ਵਿਭਾਗਾਂ ਨੂੰ ਨੀਟ ਦੀ

ਪ੍ਰੀਖਿਆ ਪੂਰੀ ਪਾਰਦਰਸ਼ਤਾ ਅਤੇ ਸੁਖਾਵੇਂ ਮਾਹੌਲ ਵਿੱਚ ਕਰਵਾਉਣ ਦੀਆਂ ਹਦਾਇਤਾਂ ਜਾਰੀ ਕੀਤੀਆਂ ਨੇ।

---------------------------------------------------------